# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-04-2024**

ਲੋਕ ਸਭਾ ਚੋਣਾਂ- 2024 ਦੇ ਮੱਦੇਨਜ਼ਰ, 16 ਮਾਰਚ ਤੋਂ ਸਾਰੇ ਦੇਸ਼ ਵਿੱਚ ਚੋਣ ਜ਼ਾਬਤਾ ਲਾਗੂ ਏ ਅਤੇ ਇਸ ਦੌਰਾਨ ਵੱਖ-ਵੱਖ ਸੁਰੱਖਿਆ ਤੇ ਹੋਰ ਏਜੰਸੀਆਂ ਵੱਲੋਂ, ਪੰਜਾਬ ਵਿੱਚ ਕੁੱਲ 243 ਕਰੋੜ 95 ਲੱਖ ਰੁਪਏ ਦੀ ਨਕਦੀ, ਸ਼ਰਾਬ, ਡਰੱਗ ਅਤੇ ਹੋਰ ਕੀਮਤੀ ਸਮਾਨ ਜ਼ਬਤ ਕੀਤਾ ਜਾ ਚੁੱਕਾ ਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਦੱਸਿਆ ਕਿ ਆਜ਼ਾਦ ਤੇ ਨਿਰਪੱਖ ਤਰੀਕੇ ਨਾਲ ਚੋਣਾਂ ਕਰਵਾਉਣ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਨੇ ਅਤੇ 16 ਮਾਰਚ ਤੋਂ 17 ਅਪ੍ਰੈਲ ਤੱਕ ਪੰਜਾਬ ਪੁਲਿਸ ਵੱਲੋਂ ਸਭ ਤੋਂ ਵੱਧ 158 ਕਰੋੜ 76 ਲੱਖ ਰੁਪਏ ਦੀ ਨਗਦੀ, ਸ਼ਰਾਬ, ਨਸ਼ੀਲੇ ਪਦਾਰਥ ਅਤੇ ਹੋਰ ਵਸਤਾਂ ਜ਼ਬਤ ਕੀਤੀਆਂ ਗਈਆਂ ਨੇ। ਸਿਬਿਨ ਸੀ ਨੇ ਦੱਸਿਆ ਕਿ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ, 17 ਅਪ੍ਰੈਲ ਤੱਕ ਪੰਜਾਬ ਪੁਲਿਸ ਨੇ 2 ਕਰੋੜ 49 ਲੱਖ ਰੁਪਏ

ਦੀ ਨਕਦੀ, 7 ਕਰੋੜ 6 ਲੱਖ ਰੁਪਏ ਦੀ ਸ਼ਰਾਬ, 148 ਕਰੋੜ 21 ਲੱਖ ਰੁਪਏ ਦੇ ਨਸ਼ੀਲੇ ਪਦਾਰਥ, 25 ਲੱਖ 60 ਹਜ਼ਾਰ ਰੁਪਏ ਦੀਆਂ ਕੀਮਤੀ ਵਸਤਾਂ ਅਤੇ 74 ਲੱਖ 20 ਹਜ਼ਾਰ ਰੁਪਏ ਦੀ ਕੀਮਤ ਵਾਲੀਆਂ ਹੋਰ ਵਸਤੂਆਂ ਜ਼ਬਤ ਕੀਤੀਆਂ ਨੇ। ਇਸੇ ਤਰ੍ਹਾਂ ਸੂਬੇ ਦੇ ਆਬਕਾਰੀ ਵਿਭਾਗ ਨੇ 6 ਕਰੋੜ 77 ਲੱਖ ਰੁਪਏ ਦੀ ਸ਼ਰਾਬ ਅਤੇ 2 ਲੱਖ ਰੁਪਏ ਦੇ ਨਸ਼ੀਲੇ ਪਦਾਰਥ ਅਤੇ ਬੀ.ਐਸ.ਐਫ ਨੇ 19 ਕਰੋੜ 66 ਲੱਖ ਰੁਪਏ ਦੇ ਡਰੱਗਜ਼ ਤੇ ਨਸ਼ੀਲੇ ਪਦਾਰਥ, 40 ਲੱਖ ਰੁਪਏ ਦੀਆਂ ਕੀਮਤੀ ਵਸਤਾਂ ਅਤੇ 36 ਲੱਖ ਰੁਪਏ ਦੀ ਨਗਦੀ ਜ਼ਬਤ ਕੀਤੀ ਏ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਚੋਣ ਕਮਿਸ਼ਨ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਜ਼ਬਤੀ ਦੇ ਮਾਮਲੇ ਵਿੱਚ ਪੰਜਾਬ ਦੇਸ਼ ਭਰ ਵਿੱਚੋਂ 5ਵੇਂ ਸਥਾਨ ਤੇ ਏ । ਇਨ੍ਹਾਂ ਅੰਕੜਿਆਂ ਅਨੁਸਾਰ, ਪਹਿਲੀ ਮਾਰਚ ਤੋਂ 15 ਅਪ੍ਰੈਲ ਤੱਕ, ਸੂਬੇ ਵਿੱਚ 311 ਕਰੋੜ ਰੁਪਏ ਦੀ ਜ਼ਬਤੀ ਕੀਤੀ ਗਈ ਏ।

---------------------------------------------------------

ਲੋਕ ਸਭਾ ਚੋਣਾਂ ਦੌਰਾਨ ਵੋਟਿੰਗ ਲਈ ਲੋਕਾਂ ਨੂੰ ਪ੍ਰੇਰਿਤ ਕਰਨ

ਵਾਸਤੇ, ਵੱਖ ਵੱਖ ਜ਼ਿਲਿਆਂ ਦਾ ਪ੍ਰਸ਼ਾਸਨ ਚੋਣ ਕਮਿਸ਼ਨ ਦੇ ਸਵੀਪ ਪ੍ਰੋਗਰਾਮ ਤਹਿਤ, ਇਨੀਂ ਦਿਨੀਂ ਕਈ ਉਪਰਾਲੇ ਕਰ ਰਿਹਾ ਏ। ਇਸੇ ਲੜੀ ਤਹਿਤ ਹੁਸ਼ਿਆਰਪੁਰ ਦੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੀਤ ਕੋਹਲੀ ਦੀ ਅਗਵਾਈ ਵਿਚ, ਸ਼ਹਿਰ ਦੇ ਲੇਬਰ ਚੌਕ ’ਤੇ ਬਿਲਕੁਲ ਹੀ ਵੱਖਰੇ ਅੰਦਾਜ਼ ਵਿਚ ਸਵੀਪ ਗਤੀਵਿਧੀ ਕਰਵਾਈ ਗਈ।

_ਵੇਰਵਾ ਇਸ ਰਿਪੋਰਟ ਵਿਚ : ਡਿਸਪੈਚ: ਲੋਕਸਭਾ ਚੋਣਾਂ ਦੇ ਮੌਕੇ ਤੇ ਭੰਡ ਕਲਾ ਰਾਹੀਂ ਬੜੇ ਹੀ ਨਾਟਕੀ ਅੰਦਾਜ਼ ਵਿਚ ਵੋਟਰਾਂ ਨੂੰ ਜਾਗਰੂਕ ਕਰਨ ਦੀ ਇਹ ਪਹਿਲ ਹੁਸ਼ਿਆਰਪੁਰ ਦੇ ਜ਼ਿਲਾ ਸਵੀਪ ਨੋਡਲ ਅਫਸਰ ਪ੍ਰੀਤ ਕੋਹਲੀ ਦੀ ਅਗਵਾਈ ਹੇਠ ਕੀਤੀ ਗਈ ਏ। ਉਹ ਆਪਣੀ ਟੀਮ ਨਾਲ ਡਫਲੀ ਵਜਾ ਕੇ ਤੇ ਪੰਜਾਬੀ ਬੋਲਿਆਂ ਪਾ ਕੇ ਵੋਟਰਾਂ ਨੂੰ ਜਾਗਰੂਕ ਕਰ ਰਹੇ ਨੇ। ਇਸੇ ਲੜੀ ਤਹਿਤ ਬੀਤੇ ਦਿਨ ਹੁਸ਼ਿਆਰਪੁਰ ਦੇ ਲੇਬਰ ਚੌਕ ਵਿਚ ਵੋਟਰਾਂ ਖਾਸ ਤੌਰ ਤੇ ਉਸਾਰੀ ਕਿਰਤੀਆਂ ਨੂੰ ਵੋਟ ਦੇ ਹੱਕ ਦੀ ਵਰਤੋਂ ਲਈ ਪ੍ਰੇਰਿਤ ਕੀਤਾ ਗਿਆ। ਉਸਾਰੀ ਕਿਰਤੀਆਂ ਨੂੰ ਇਸ ਟੀਮ ਨੇ ਇਹ ਸਮਝਾਇਆ ਕਿ ਕਿਵੇਂ ਸਿਰਫ ਇਕ ਇੱਟ ਨਾ ਲੱਗਣ ਨਾਲ ਕੰਧ ਦੀ ਮਜਬੂਤੀ_

*ਪ੍ਰਭਾਵਤ ਹੁੰਦੀ ਏ ਤੇ ਠੀਕ ਇਸੇ ਤਰ੍ਹਾਂ ਨਾਲ ਇਕ ਵੋਟ ਨਾ ਪੈਣ ਨਾਲ ਲੋਕਤੰਤਰ ਦੀ ਮਜਬੂਤੀ ਤੇ ਕੀ ਅਸਰ ਪੈਂਦਾ ਏ। ਵੋਟ ਪਾਉਣ ਪ੍ਰਤੀ ਜਾਗਰੂਕਤਾ ਦੇ ਇਸ ਮਾਧਿਅਮ ਨੂੰ ਸਾਰਿਆਂ ਨੇ ਬੇਹੱਦ ਸਰਾਹਿਆ। ਰੇਲਵੇ ਮੰਡੀ ਸਕੂਲ ਦੀ ਵਿਦਿਆਰਥਣ ਰਿਤਿਕਾ ਸੈਣੀ ਨੇ ਢੋਲ ਦੀ ਥਾਪ ਨਾਲ ਉਨ੍ਹਾਂ ਦਾ ਸਹਿਯੋਗ ਕੀਤਾ। ਯਕੀਨਨ ਅਜਿਹੇ ਉਪਰਾਲੇ ਲੋਕਾਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਦੇ ਨੇ। ਸੰਜੀਵ ਬਖਸ਼ੀ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ।*

-----------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ BJP ਦੇ ਸੰਗਠਨ ਮਹਾ-ਮੰਤਰੀ ਸ੍ਰੀ ਨਿਵਾਸਲੂ ਨਾਲ ਖੰਨਾ ਤੋਂ ਸੀਨੀਅਰ BJP ਆਗੂ ਬਲਜਿੰਦਰ ਸਿੰਗਲਾ ਨੇ ਇਕ ਮੀਟਿੰਗ ਕੀਤੀ। ਇਸ ਦੌਰਾਨ ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਸਬੰਧੀ ਗੰਭੀਰਤਾ ਨਾਲ ਵਿਚਾਰ ਚਰਚਾ ਕੀਤੀ ਗਈ। ਪਾਰਟੀ ਦੀ ਮਜਬੂਤੀ ਲਈ ਚੋਣਾਂ ਦੌਰਾਨ ਡਿਊਟੀਆਂ ਲਗਾਉਣ ਵਾਸਤੇ ਖੰਨਾ ਹਲਕੇ ਦੇ BJP ਆਗੂਆਂ ਸਬੰਧੀ ਵੀ ਗੱਲਬਾਤ ਹੋਈ। ਬਲਜਿੰਦਰ

ਸਿੰਗਲਾ ਨੇ ਸ੍ਰੀ ਨਿਵਾਸਲੂ ਨੂੰ ਭਰੋਸਾ ਦਿੱਤਾ ਕਿ ਫਤਹਿਗੜ੍ਹ ਸਾਹਿਬ ਲੋਕ ਸਭਾ ਹਲਕੇ ਤੋਂ BJP ਉਮੀਦਵਾਰ ਦੀ ਜਿੱਤ ਯਕੀਨੀ ਬਣਾਉਣ ਲਈ ਪਾਰਟੀ ਵਰਕਰ ਦਿਨ-ਰਾਤ ਇੱਕ ਕਰ ਦੇਣਗੇ।

---------------------------------------------------

ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ, ਜ਼ਿਲ੍ਹਾ ਫਰੀਦਕੋਟ ਵਿੱਚ ਪੈਂਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਫਰੀਦਕੋਟ, ਕੋਟਕਪੂਰਾ ਅਤੇ ਜੈਤੋਂ ਲਈ ਫਲਾਇੰਗ ਸੁਕੈਅਡ ਟੀਮਾਂ ਨਿਯੁਕਤ ਕੀਤੀਆਂ ਨੇ। ਉਨਾਂ ਦੱਸਿਆ ਕਿ ਇਹ ਟੀਮਾਂ ਚੋਣ ਹਲਕਿਆਂ ਵਿੱਚ ਵੱਖ-ਵੱਖ ਥਾਵਾਂ ਤੇ ਹਰ ਵੇਲੇ ਗਸ਼ਤ ਕਰਨਗੀਆਂ। ਇਹਨਾਂ ਟੀਮਾਂ ਦੇ ਵਾਹਨ ਕੈਮਰਿਆਂ ਨਾਲ ਲੈਸ ਨੇ। ਉਨ੍ਹਾਂ ਕਿਹਾ ਕਿ ਜੇਕਰ ਚੋਣਾਂ ਸਬੰਧੀ ਕੋਈ ਵੀ ਨਗਦੀ ਜਾਂ ਸ਼ਰਾਬ ਵੰਡਣ ਸਬੰਧੀ ਸ਼ਿਕਾਇਤ ਧਿਆਨ ਵਿੱਚ ਆਉਂਦੀ ਏ, ਤਾਂ ਵਿਧਾਨ ਸਭਾ ਚੋਣ ਹਲਕਿਆਂ ਲਈ ਫਲਾਇੰਗ ਸੁਕਐਡ ਟੀਮ ਦੇ ਨੋਡਲ ਅਫਸਰਾਂ ਨਾਲ ਸੰਪਰਕ ਕਰਕੇ ਸੂਚਨਾ ਦਿੱਤੀ ਜਾ ਸਕਦੀ ਏ।